# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:21-03-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਵਿੱਚ ਲੋਕਤੰਤਰ ਦਾ ਪ੍ਰਾਚੀਨ ਅਤੇ ਅਟੁੱਟ ਸੱਭਿਆਚਾਰ ਏ। ਦੱਖਣੀ ਕੋਰੀਆ ਦੇ ਸਿਓਲ 'ਚ ਆਯੋਜਿਤ ਡੈਮੋਕਰੇਸੀ ਸਮਿਟ ਨੂੰ ਵਰਚੁਅਲ ਮਾਧਿਅਮ ਰਾਹੀਂ ਸੰਬੋਧਿਤ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਹਿਮਤੀ, ਖੁੱਲ੍ਹੀ ਗੱਲਬਾਤ ਅਤੇ ਆਜ਼ਾਦ ਗੱਲਬਾਤ ਭਾਰਤ ਦੀ ਪਛਾਣ ਰਹੀ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਹੁਣ ਤੋਂ ਕੁਝ ਹਫ਼ਤਿਆਂ ਵਿੱਚ ਭਾਰਤ ਲੋਕਤੰਤਰ ਦਾ ਸਭ ਤੋਂ ਵੱਡਾ ਜਸ਼ਨ ਦੇਖੇਗਾ। ਉਨ੍ਹਾਂ ਕਿਹਾ ਕਿ ਇੱਕ ਅਰਬ ਵੋਟਰਾਂ ਦੀ ਵੋਟਿੰਗ ਨਾਲ ਇਹ ਮਨੁੱਖੀ ਇਤਿਹਾਸ ਵਿੱਚ ਸਭ ਤੋਂ ਵੱਡਾ ਚੋਣ ਅਭਿਆਸ ਹੋਵੇਗਾ ਅਤੇ ਭਾਰਤ ਦੇ ਲੋਕ ਇੱਕ ਵਾਰ ਫਿਰ ਲੋਕਤੰਤਰ ਵਿੱਚ ਆਪਣਾ ਵਿਸ਼ਵਾਸ ਪ੍ਰਗਟ ਕਰਨਗੇ।

---------------------------------------------------

ਚੋਣ ਕਮਿਸ਼ਨ ਨੇ ਲੋਕ ਸਭਾ ਚੋਣਾਂ 2024 ਸਬੰਧੀ ਚੋਣ ਜ਼ਾਬਤੇ ਦੀ ਉਲੰਘਣਾ ਕਰਨ 'ਤੇ ਆਮ ਆਦਮੀ ਪਾਰਟੀ ਅਤੇ ਭਾਜਪਾ ਦੇ ਪਠਾਨਕੋਟ ਜ਼ਿਲ੍ਹਾ ਪ੍ਰਧਾਨਾਂ ਨੂੰ ਨੋਟਿਸ ਜਾਰੀ ਕੀਤਾ ਏ। ਦੋਵਾਂ ਹੀ ਪਾਰਟੀਆਂ ਦੇ ਮੁਖੀਆਂ ਵੱਲੋਂ ਚੋਣ ਕਮਿਸ਼ਨ ਦੀ ਪ੍ਰਵਾਨਗੀ ਤੋਂ ਬਿਨਾਂ ਮੀਟਿੰਗਾਂ ਕਰਕੇ ਚੋਣ ਜ਼ਾਬਤੇ ਦੀ ਉਲੰਘਣਾ ਕੀਤੀ ਗਈ। ਇਸ ਤੋਂ ਇਲਾਵਾ ਹੋਟਲ ਮਾਲਕ ਨੂੰ ਵੀ ਨੋਟਿਸ ਭੇਜਿਆ ਗਿਆ ਏ। ਏ.ਆਰ.ਓ ਭੋਆ ਅਤੇ ਏ.ਡੀ.ਸੀ ਜਨਰਲ ਅੰਕੁਰਜੀਤ ਸਿੰਘ ਨੇ ਪਠਾਨਕੋਟ ਸ਼ਹਿਰ ਦੇ ਭੋਆ ਇਲਾਕੇ ਤੋਂ ਮਿਲੀ ਸ਼ਿਕਾਇਤ 'ਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਨੂੰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਸਬੰਧੀ ਜਾਰੀ ਨੋਟਿਸ ਵਿੱਚ ਸਪੱਸ਼ਟ ਕੀਤਾ ਗਿਆ ਏ ਕਿ ਪਾਰਟੀ ਵਰਕਰਾਂ ਨੇ ਬਿਨਾ ਕਿਸੇ ਇਜਾਜ਼ਤ ਇਕੱਠ ਅਤੇ ਸਿਆਸੀ ਮੀਟਿੰਗਾਂ ਕੀਤੀਆਂ। ਇਸੇ ਤਰ੍ਹਾਂ ਸ਼ਹਿਰ ਤੋਂ ਮਿਲੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਏ.ਆਰ.ਓ ਪਠਾਨਕੋਟ ਅਤੇ ਐਸ.ਡੀ.ਐਮ ਡਾ.ਸੁਮਿਤ ਮੁੱਧ ਨੇ ਇੱਕ ਹੋਟਲ ਵਿੱਚ ਭਾਜਪਾ ਵੱਲੋਂ ਬਿਨਾਂ ਇਜਾਜਤ ਮੀਟਿੰਗ ਕਰਨ ਲਈ ਨੋਟਿਸ ਜਾਰੀ ਕੀਤਾ ਏ।

---

ਪਹਿਲੀ ਜੂਨ ਨੂੰ ਵੋਟਿੰਗ ਵਾਲੇ ਦਿਨ ਤੋਂ ਪਹਿਲਾਂ ਵੋਟਰਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਲਈ ਐਸ ਡੀ ਐਮ ਦੀਪਕ ਭਾਟੀਆ ਅਤੇ ਦਾਖਾ ਦੇ ਡੀ ਐਸ ਪੀ ਜਸਵਿੰਦਰ ਸਿੰਘ ਨੇ ਲੁਧਿਆਣਾ ਜ਼ਿਲੇ ਦੇ ਦਾਖਾ ਦੇ ਕੁਝ ਇਲਾਕਿਆਂ ਵਿੱਚ ਫਲੈਗ ਮਾਰਚ ਦੀ ਅਗਵਾਈ ਕੀਤੀ। ਐਸ ਡੀ ਐਮ ਭਾਟੀਆ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਬਰਕਰਾਰ ਰੱਖਣਾ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦਾ ਫਰਜ਼ ਬਣਦਾ ਏ। ਉਨਾਂ ਕਿਹਾ ਕਿ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਲਾਕੇ ਦੇ ਐਂਟਰੀ ਪੁਆਇੰਟਾਂ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਗਿਆ ਏ ਅਤੇ ਸੁਰੱਖਿਆ ਦੇ ਮੱਦੇਨਜ਼ਰ ਇਲਾਕੇ ਨੂੰ ਵਿਸ਼ੇਸ਼ ਜ਼ੋਨਾਂ ਵਿੱਚ ਵੰਡਿਆ ਗਿਆ ਏ। ਬਾਅਦ ਵਿੱਚ ਉਨਾਂ ਵੱਖ - ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੀ ਮੀਟਿੰਗ ਕੀਤੀ ਅਤੇ ਆਦਰਸ਼ ਚੋਣ ਜ਼ਾਬਤੇ ਦੀ ਪਾਲਣਾ ਕਰਨ ਵਿੱਚ ਉਨ੍ਹਾਂ ਦੇ ਪੂਰਨ ਸਹਿਯੋਗ ਦੀ ਮੰਗ ਕੀਤੀ।

---------------------------------------------------------------

ਰੰਗਾਂ ਦੇ ਤਿਉਹਾਰ ਹੋਲੀ ਵਿੱਚ ਹੁਣ ਕੁਝ ਹੀ ਦਿਨ ਬਾਕੀ ਨੇ ਅਤੇ ਇਸ ਨੂੰ ਲੈ ਕੇ ਜਲੰਧਰ ਸਮੇਤ ਸੂਬੇ ਭਰ ਦੇ ਬਾਜ਼ਾਰ ਲਾਲ ਗੁਲਾਲ ਸਮੇਤ ਕਈ ਹੋਰ ਦਿਲ ਖਿੱਚਵੇਂ ਰੰਗਾਂ ਅਤੇ ਖੂਬਸੂਰਤ ਪਿਚਕਾਰੀਆਂ ਨਾਲ ਭਰੇ ਪਏ ਨੇ। ਲੋਕ ਵੀ ਇਸ ਤਿਉਹਾਰ ਨੂੰ ਲੈ ਕੇ ਬਹੁਤ ਉਤਸਾਹਿਤ ਨੇ ਅਤੇ ਰੰਗਾਂ ਤੇ ਹੋਰ ਸਾਮਾਨ ਦੀ ਖ਼ਰੀਦਦਾਰੀ ਕਰ ਰਹੇ ਨੇ।

*ਵੇਰਵੇ ਨਾਲ ਇਹ ਰਿਪੋਰਟ:*

*ਡਿਸਪੈਚ: ਜਲੰਧਰ ਸਮੇਤ ਸੂਬੇ ਦੇ ਵੱਖ-ਵੱਖ ਹਿੱਸਿਆਂ ਦੇ ਸਾਰੇ ਛੋਟੇ-ਵੱਡੇ ਬਾਜ਼ਾਰ ਇਨ੍ਹੀਂ ਦਿਨੀਂ ਲਾਲ, ਗੁਲਾਲ, ਹਰੇ ਤੇ ਪੀਲੇ ਰੰਗ ਸਮੇਤ ਹੋਰਨਾਂ ਰੰਗਾਂ ਨਾਲ ਭਰੇ ਪਏ ਨੇ। ਲੋਕ ਆਪਣੇ ਬੱਚਿਆਂ ਨਾਲ ਇਨ੍ਹਾਂ ਰੰਗਾਂ ਦੀ ਖਰੀਦੋ-ਫਰੋਖਤ 'ਚ ਰੁੱਝੇ ਹੋਏ ਨੇ। ਬਾਜ਼ਾਰਾਂ ਵਿੱਚ ਕਈ ਤਰ੍ਹਾਂ ਦੀਆਂ ਦਿਲ ਖਿੱਚਵੀਆਂ ਪਿਚਕਾਰੀਆਂ ਵੀ ਉਪਲਬਧ ਨੇ ਜਿਹੜੀਆਂ ਬੱਚਿਆਂ ਨੂੰ ਬਹੁਤ ਪਸੰਦ ਆ ਰਹੀਆਂ ਨੇ। ਸਮੇਂ ਦੇ ਨਾਲ ਹੁਣ ਹਰਬਲ ਰੰਗਾਂ ਦਾ ਪ੍ਰਚਲਨ ਵੀ ਕਾਫੀ ਵੱਧ ਰਿਹਾ ਏ ਅਤੇ ਕਈ ਗੈਰ-ਸਰਕਾਰੀ ਸੰਸਥਾਵਾਂ ਹਰਬਲ ਰੰਗਾਂ ਦੀ ਵਰਤੋਂ ਬਾਰੇ ਲੋਕਾਂ*

*ਨੂੰ ਜਾਗਰੂਕ ਕਰਨ ਵਿੱਚ ਲੱਗੀਆਂ ਹੋਈਆਂ ਨੇ । ਹਰਬਲ ਰੰਗਾਂ ਨੂੰ ਸਿਹਤ ਦੇ ਨਜ਼ਰੀਏ ਤੋਂ ਬੇਹੱਦ ਹੀ ਸੁਰੱਖਿਅਤ ਮੰਨਿਆ ਜਾਂਦਾ ਏ ਅਤੇ ਅਜਿਹੀ ਸਥਿਤੀ ਵਿੱਚ ਲੋਕ ਵੀ ਹਰਬਲ ਰੰਗ ਖਰੀਦਣ ਨੂੰ ਪਹਿਲ ਦੇ ਰਹੇ ਨੇ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ ।*

---------------------------------------------------------------

ਪੰਜਾਬ ਭਾਜਪਾ ਦੇ ਸੂਬਾ ਮੀਤ ਪ੍ਰਧਾਨ ਡਾਕਟਰ ਸੁਭਾਸ਼ ਸ਼ਰਮਾ ਨੇ ਮੁੱਖ ਮੰਤਰੀ ਦੇ ਸੰਗਰੂਰ ਜਿਲੇ ਵਿੱਚ ਨਕਲੀ ਤੇ ਗੈਰ ਕਾਨੂੰਨੀ ਸ਼ਰਾਬ ਨਾਲ ਪੰਜ ਮੌਤਾਂ ਹੋਣ ਦੀ ਘਟਨਾ ਤੇ ਦੁੱਖ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਏ ਅਤੇ ਪੰਜਾਬ ਭਾਜਪਾ ਦੁਖ ਦੀ ਇਸ ਘੜੀ ਵਿੱਚ ਦੁਖੀ ਪਰਿਵਾਰਾਂ ਨਾਲ ਹਮਦਰਦੀ ਪਰਗਟ ਕਰਦੀ ਏ । ਚੰਡੀਗੜ ਤੋਂ ਜਾਰੀ ਇਕ ਬਿਆਨ ਵਿੱਚ ਉਨਾਂ ਕਿਹਾ ਕਿ ਇਹ ਘਟਨਾ ਸੂਬਾ ਸਰਕਾਰ ਦੀ ਗੈਰ ਕਾਨੂੰਨੀ ਨਸ਼ਿਆਂ ਖਿਲਾਫ ਵੱਡੇ ਵੱਡੇ ਵਾਅਦਿਆਂ ਦੀ ਪੋਲ ਖੋਲਦੀ ਅਤੇ ਇਨਾਂ ਮੌਤਾਂ ਲਈ ਸਰਕਾਰ ਸਿੱਧੇ ਤੌਰ ਤੇ ਜ਼ਿੰਮੇਵਾਰ ਏ ।

ਉਨਾ ਇਸ ਘਟਨਾ ਕਈ ਇਲਾਕੇ ਦੇ ਸਿਵਲ ਤੇ ਪੁਲਿਸ ਅਫਸਰਾਂ ਖਿਲਾਫ ਕਾਰਵਾਈ ਦੀ ਮੰਗ ਕੀਤੀ ਏ।

---------------------------------------------------------

ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਹਾਲ ਹੀ 'ਚ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਡਾਕਟਰ ਰਾਜ ਕੁਮਾਰ ਚੱਬੇਵਾਲ ਖ਼ਿਲਾਫ਼ ਜਾਅਲੀ ਸਰਕਾਰੀ ਦਸਤਾਵੇਜ਼ ਬਣਾਉਣ ਦੇ ਦੋਸ਼ 'ਚ ਸੀਬੀਆਈ ਜਾਂਚ ਦੀ ਮੰਗ ਕੀਤੀ ਏ। ਚੰਡੀਗੜ ਵਿੱਚ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਡਾ. ਚੱਬੇਵਾਲ ਨੇ 4601 ਪਰਿਵਾਰਾਂ ਨੂੰ ਕਰੋੜਾਂ ਰੁਪਏ ਦੀਆਂ ਸਰਕਾਰੀ ਗ੍ਰਾਂਟਾਂ ਵੰਡਣ ਸਬੰਧੀ ਜਾਅਲੀ ਸਰਕਾਰੀ ਦਸਤਾਵੇਜ਼ ਤਿਆਰ ਕੀਤੇ ਸਨ। 'ਆਪ' ਸਰਕਾਰ ਵੱਲੋਂ ਇਸੇ ਮੁੱਦੇ 'ਤੇ ਵਿਜੀਲੈਂਸ ਜਾਂਚ ਕਰਵਾਈ ਗਈ ਸੀ। ਚੱਬੇਵਾਲ ਜ਼ਮਾਨਤ 'ਤੇ ਸਨ, ਜਿਸ ਦੀ ਮਿਆਦ 18 ਮਾਰਚ ਨੂੰ ਖ਼ਤਮ ਹੋਣੀ ਸੀ। ਉਨ੍ਹਾਂ ਕਿਹਾ ਕਿ ਉਸ ਨੂੰ ਉਮੀਦ ਸੀ ਕਿ ਉਸ ਨੂੰ 18 ਮਾਰਚ ਤੋਂ ਬਾਅਦ ਗ੍ਰਿਫਤਾਰ ਕੀਤਾ ਜਾ ਸਕਦਾ ਏ, ਇਸ ਲਈ ਉਹ ਆਪਣੀ ਜ਼ਮਾਨਤ ਦੀ ਮਿਆਦ ਖ਼ਤਮ ਹੋਣ ਤੋਂ ਦੋ ਦਿਨ ਪਹਿਲਾਂ 'ਆਪ' ਵਿਚ ਸ਼ਾਮਲ ਹੋ ਗਿਆ

। ਉਨ੍ਹਾਂ ਦੇ ਸ਼ਾਮਲ ਹੋਣ ਦੌਰਾਨ 'ਆਪ' ਸਰਕਾਰ ਨੇ ਉਨ੍ਹਾਂ ਦੀ ਜਾਅਲਸਾਜ਼ੀ ਨੂੰ ਜਾਇਜ਼ ਠਹਿਰਾਉਣ ਲਈ ਕਰੋੜਾਂ ਰੁਪਏ ਦੀ ਗ੍ਰਾਂਟ ਵੀ ਜਾਰੀ ਕੀਤੀ ਸੀ। ਬਾਜਵਾ ਨੇ ਕਿਹਾ ਕਿ ਉਹ ਇਹ ਮਾਮਲਾ ਪੰਜਾਬ ਤੇ ਹਰਿਆਣਾ ਹਾਈ ਕੋਰਟ 'ਚ ਵੀ ਚੁੱਕਣਗੇ।

-----------------------------------------------

ਬਸੰਤ ਰਿਤੂ ਯੂਥ ਕਲੱਬ ਤ੍ਰਿਪੜੀ ਪਟਿਆਲਾ ਵਲੋਂ ਬੀਤੇ ਦਿਨ ਲਗਾਏ ਕੈਂਪ ਦੌਰਾਨ ਮਰੀਜ਼ਾਂ ਦੀਆਂ ਅੱਖਾਂ ਦੇ ਮੋਤੀਆਬਿੰਦ ਦੇ ਮੁਫ਼ਤ ਅਪ੍ਰੇਸ਼ਨ ਕੀਤੇ ਗਏ ਅਤੇ ਲੈਂਜ ਵੀ ਲਗਾਏ ਗਏ। ਕਲੱਬ ਦੇ ਪ੍ਰਧਾਨ ਆਕਰਸ਼ ਸ਼ਰਮਾ ਤੇ ਸੰਸਥਾਪਕ ਰਾਜੇਸ਼ ਸ਼ਰਮਾ ਨੇ ਦਸਿਆ ਕਿ ਹਰ ਮਹੀਨੇ ਗੁਰੂ ਤੇਗ ਬਹਾਦਰ ਅੱਖਾਂ ਦੇ ਹਸਪਤਾਲ ਪਟਿਆਲਾ ਵਿਖੇ ਆਈ ਸਰਜਨ ਡਾ. ਆਸ਼ਾ ਪ੍ਰਿਤਪਾਲ ਕੋਰ ਵਲੋਂ ਅਪ੍ਰੇਸ਼ਨ ਕੀਤੇ ਜਾਂਦੇ ਨੇ। ਕਲੱਬ ਵਲੋਂ ਹੁਣ ਤੱਕ ਅੱਖਾਂ ਦੇ ਲੈਂਜ ਵਾਲੇ ਕੋਈ ਅੱਠ ਸੌ ਉਪਰੇਸ਼ਨ ਬੀਤੇ 28 ਸਾਲਾਂ ਵਿੱਚ ਕਰਵਾਏ ਜਾ ਚੁੱਕੇ ਨੇ। ਇਨ੍ਹਾਂ ਕੈਂਪ ਵਿੱਚ ਪੰਜਾਬ ਤੋਂ ਅਲਾਵਾ ਹਰਿਆਣਾ ਤੋਂ ਵੀ ਜਰੂਰਤਮੰਦ ਮੁਫ਼ਤ ਸੇਵਾ ਦਾ ਲਾਭ ਲੈ ਰਹੇ ਨੇ।